# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13 :10**

**ਮਿਤੀ :14-08-2026**

ਰਾਸ਼ਟਰਪਤੀ ਦ੍ਰੋਪਦੀ ਮੁਰਮੂ 80ਵੇਂ ਆਜ਼ਾਦੀ ਦਿਵਸ ਤੋਂ ਇਕ ਸ਼ਾਮ ਪਹਿਲਾਂ ਅੱਜ ਰਾਸ਼ਟਰ ਨੂੰ ਸੰਬੋਧਨ ਕਰਨਗੇ। ਰਾਸ਼ਟਰਪਤੀ ਦਾ ਸੰਬੋਧਨ ਆਕਾਸ਼ਵਾਣੀ  ਦੇ ਸਾਰੇ ਰਾਸ਼ਟਰੀ ਚੈਨਲਾਂ 'ਤੇ ਸ਼ਾਮ 7 ਵਜੇ ਪ੍ਰਸਾਰਿਤ ਕੀਤਾ ਜਾਵੇਗਾ। ਇਹ ਸੰਬੋਧਨ  ਦੂਰਦਰਸ਼ਨ ਦੇ ਚੈਨਲਾਂ 'ਤੇ ਹਿੰਦੀ ਵਿੱਚ ਪ੍ਰਸਾਰਿਤ ਕੀਤਾ ਜਾਵੇਗਾ, ਉਸ ਤੋਂ ਬਾਅਦ ਅੰਗਰੇਜ਼ੀ ਸੰਸਕਰਣ ਵੀ ਪ੍ਰਸਾਰਿਤ ਕੀਤਾ ਜਾਵੇਗਾ । ਦੂਰਦਰਸ਼ਨ 'ਤੇ ਹਿੰਦੀ ਅਤੇ ਅੰਗਰੇਜ਼ੀ ਵਿੱਚ ਸੰਬੋਧਨ ਪ੍ਰਸਾਰਿਤ ਹੋਣ ਤੋਂ ਬਾਅਦ, ਇਸਨੂੰ ਦੂਰਦਰਸ਼ਨ ਦੇ ਖੇਤਰੀ ਚੈਨਲਾਂ 'ਤੇ ਖੇਤਰੀ ਭਾਸ਼ਾਵਾਂ ਵਿੱਚ ਪ੍ਰਸਾਰਿਤ ਕੀਤਾ ਜਾਵੇਗਾ। ਆਜ਼ਾਦੀ ਦਿਵਸ ਮੌਕੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵਲੋਂ ਰਾਸ਼ਟਰ ਨੂੰ ਸੰਬੋਧਨ ਦੇ ਮੱਦੇਨਜ਼ਰ, ਅੱਜ ਸ਼ਾਮ ਸੱਤ ਵਜਕੇ 30 ਮਿੰਟ 'ਤੇ ਪ੍ਰਸਾਰਿਤ ਕੀਤਾ ਜਾਣ ਵਾਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ ਰਾਤ ਅੱਠ ਵਜੇ ਪ੍ਰਸਾਰਿਤ ਕੀਤਾ ਜਾਵੇਗਾ।

---------------------------------------------------

ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਸੂਬੇ ਵਿੱਚ ਅਮਨ-ਸ਼ਾਂਤੀ ਅਤੇ ਸੁਰੱਖਿਆ ਯਕੀਨੀ ਬਣਾਉਣ ਲਈ ਪੰਜਾਬ ਪੁਲਿਸ ਪੂਰੀ ਤਰਾਂ ਚੌਕਸ ਏ

। ਪੁਲਿਸ ਵੱਲੋਂ ਵੱਖ ਵੱਖ ਜ਼ਿਲਿਆਂ ਵਿਚ ਮੁੱਖ ਬਾਜ਼ਾਰਾਂ, ਸੜਕਾਂ, ਬੱਸ ਅੱਡਿਆਂ ਅਤੇ ਰੇਲਵੇ ਸਟੇਸ਼ਨਾਂ ਸਮੇਤ ਸੰਵੇਦਨਸ਼ੀਲ ਥਾਵਾਂ ’ਤੇ ਗਸ਼ਤ ਕੀਤੀ ਜਾ ਰਹੀ ਏ । ਇਸ ਦੌਰਾਨ ਵੱਖ-ਵੱਖ ਥਾਵਾਂ ’ਤੇ ਨਾਕਾਬੰਦੀ ਕਰਕੇ ਵਾਹਨਾਂ ਦੀ ਚੈਕਿੰਗ, ਸ਼ੱਕੀ ਵਿਅਕਤੀਆਂ ਦੀ ਤਲਾਸ਼ੀ ਅਤੇ ਹੋਟਲਾਂ, ਢਾਬਿਆਂ ਤੇ ਸਰਾਵਾਂ ਵਿੱਚ ਠਹਿਰੇ ਲੋਕਾਂ ਦੀ ਪੜਤਾਲ ਵੀ ਕੀਤੀ ਜਾ ਰਹੀ ਏ । ਪੁਲਿਸ ਨੇ ਕਿਹਾ ਕਿ ਆਜ਼ਾਦੀ ਦਿਵਸ ਮੌਕੇ ਸੁਰੱਖਿਆ ਪ੍ਰਬੰਧਾਂ ਵਿੱਚ ਕੋਈ ਢਿੱਲ ਨਹੀਂ ਵਰਤੀ ਜਾਵੇਗੀ। ਲੋਕਾਂ ਨੂੰ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਸੂਚਨਾ ਤੁਰੰਤ ਪੁਲਿਸ ਕੰਟਰੋਲ ਰੂਮ ’ਤੇ ਦੇਣ ਦੀ ਅਪੀਲ ਕੀਤੀ ਗਈ ਏ । ਇਸੇ ਤਹਿਤ ਸ੍ਰੀ ਮੁਕਤਸਰ ਸਾਹਿਬ ਦੇ ਐਸ.ਐਸ.ਪੀ. ਅਭਿਮੰਨਿਊ ਰਾਣਾ ਦੀ ਅਗਵਾਈ ਹੇਠ, ਫਲੈਗ ਮਾਰਚ ਕੱਢਿਆ ਗਿਆ। ਉਨ੍ਹਾਂ ਕਿਹਾ

BYTE

----------------------------------------------------

ਅੱਜ ਵੰਡ ਦਾ ਭਿਆਨਕ ਯਾਦਗਾਰੀ ਦਿਵਸ ਏ । ਇਸ ਮੌਕੇ ਦੇਸ਼ 1947 ਦੀ ਵੰਡ ਦੌਰਾਨ ਆਪਣੀਆਂ ਜਾਨਾਂ ਗੁਆਉਣ ਅਤੇ ਅਸਹਿ ਦਰਦ ਝੱਲਣ ਵਾਲਿਆਂ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੰਡ ਤੋਂ ਪ੍ਰਭਾਵਿਤ ਸਾਰੇ ਲੋਕਾਂ ਦੀ ਹੌਸਲੇ ਨੂੰ ਯਾਦ ਕੀਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਵੰਡ ਨੂੰ ਇਤਿਹਾਸ ਦਾ ਇੱਕ ਅਜਿਹਾ ਪਲ ਦੱਸਿਆ ਜਿਸਨੇ ਕਈ ਪਰਿਵਾਰ

ਬੇਘਰ ਕਰ ਦਿੱਤੇ ਅਤੇ ਲੋਕਾਂ ਨੇ ਬੇਅੰਤ ਦੁੱਖ ਝੱਲੇ। ਸ੍ਰੀ ਮੋਦੀ ਨੇ ਕਿਹਾ ਕਿ ਉਸੇ ਸਮੇਂ, ਲੋਕਾਂ ਨੇ ਇਸ 'ਤੇ ਕਾਬੂ ਪਾਇਆ, ਮੁਸੀਬਤਾਂ ਨੂੰ ਪ੍ਰਾਪਤੀ ਵਿੱਚ ਬਦਲਿਆ ਅਤੇ ਦੇਸ਼ ਦੀ ਤਰੱਕੀ ਵਿੱਚ ਵਡਮੁੱਲਾ ਯੋਗਦਾਨ ਪਾਇਆ। ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਉਨ੍ਹਾਂ ਦੀਆਂ ਜੀਵਨ ਯਾਤਰਾਵਾਂ ਸਾਰਿਆਂ ਨੂੰ ਮਨੁੱਖੀ ਭਾਵਨਾ ਦੀ ਤਾਕਤ ਦੀ ਯਾਦ ਦਿਵਾਉਂਦੀਆਂ ਹਨ।

---------------------------------------------------------

ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ- ਦੇ ਤਹਿਤ ਕੇਂਦਰੀ ਬੈਂਕ ਡਿਜੀਟਲ ਕਰੰਸੀ (CBDC) – ਸਿੱਧੇ ਲਾਭ ਟ੍ਰਾਂਸਫਰ -DBT ਲਈ ਡਿਜੀਟਲ ਵਿਵਸਥਾ ਅੱਜ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ ਸ਼ੁਰੂ ਕੀਤੀ ਗਈ। ਇਹ ਪਹਿਲ, ਭਾਰਤ ਸਰਕਾਰ ਵਲੋਂ ਭਲਾਈ ਯੋਜਨਾਵਾਂ ਵਿੱਚ ਸਬਸਿਡੀ ਵਾਲੇ ਅਨਾਜ ਦੀ ਭੌਤਿਕ ਵੰਡ ਤੋਂ ਸਿੱਧੇ ਲਾਭ ਟ੍ਰਾਂਸਫਰ ਅਤੇ ਹੁਣ CBDC ਰਾਹੀਂ ਟੀਚਾਬੱਧ ਡਿਜੀਟਲ ਡਿਲੀਵਰੀ ਤੱਕ ਦੇ ਅਗਲੇ ਵਿਕਾਸ ਨੂੰ ਦਰਸਾਉਂਦੀ ਏ। ਸਾਡੇ ਪੱਤਰਕਾਰ ਨੇ ਦਸਿਆ ਕਿ ਚੰਡੀਗੜ੍ਹ, ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ ਲਾਭਪਾਤਰੀਆਂ ਲਈ, CBDC ਅਧਾਰਤ ਭੋਜਨ ਸਬਸਿਡੀ ਦੇ ਸਿੱਧੇ ਲਾਭ ਟ੍ਰਾਂਸਫਰ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਵਾਲਾ ਦੇਸ਼ ਦਾ ਪਹਿਲਾ ਕੇਂਦਰ ਸ਼ਾਸਤ ਪ੍ਰਦੇਸ਼ ਹੋਵੇਗਾ। ਇਸ ਸਮਾਰੋਹ ਦੀ ਪ੍ਰਧਾਨਗੀ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ

ਚੰਦ ਕਟਾਰੀਆ ਨੇ ਕੀਤੀ। ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਮੁੱਖ ਮਹਿਮਾਨ ਅਤੇ ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰੀ, ਪ੍ਰਹਿਲਾਦ ਜੋਸ਼ੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਰਾਜ ਮੰਤਰੀ, ਨਿਮੁਬੇਨ ਜਯੰਤੀ ਭਾਈ ਬੰਬਾਨੀਆ ਤੋਂ ਇਲਾਵਾ ਕੇਂਦਰ ਅਤੇ ਰਾਜ ਦੇ ਹੋਰ ਪਤਵੰਤੇ ਵੀ ਮੌਜੂਦ ਰਹਿਣਗੇ। CBDT-ਅਧਾਰਤ ਪਹਿਲਕਦਮੀ, ਦਾਦਰਾ ਅਤੇ ਨਗਰ ਹਵੇਲੀ ਲਈ ਚੰਡੀਗੜ੍ਹ ਤੋਂ ਵੀ ਵਰਚੁਅਲ ਮਾਧਿਅਮ ਰਾਹੀਂ ਜਾਰੀ ਕੀਤੀ ਗਈ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਲੁਧਿਆਣਾ ਦੇ ਹੈਬੋਵਾਲ ਵਿਖੇ ਇੱਕ ਕੰਪਰੈੱਸਡ ਬਾਇਓਗੈਸ ਪਲਾਂਟ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਰਾਜ ਸਭ ਮੈਂਬਰ ਅਤੇ ਉਘੇ ਵਾਤਾਵਰਨ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਅਤੇ ਹੋਰ ਮੰਤਰੀ ਵੀ ਮੌਜੂਦ ਰਹੇ। ਇਸ ਮੌਕੇ ਸੰਬੋਧਨ ਕਰਦਿਆਂ ਮੁਖ ਮੰਤਰੀ ਨੇ ਕਿਹਾ।

BYTE

---------------------------------------------------------------

ਚੰਡੀਗੜ੍ਹ ਪ੍ਰਸ਼ਾਸਨ, ਖੇਡ ਵਿਭਾਗ ਨੇ ਅੱਜ ਸੈਕਟਰ-42 ਦੇ ਸਪੋਰਟਸ ਵਿਖੇ ਹਰ ਘਰ ਤਿਰੰਗਾ ਦੌੜ ਦਾ ਆਯੋਜਨ ਕੀਤਾ। ਇਸ ਦੌੜ ਨੂੰ ਖੇਡ ਵਿਭਾਗ ਦੇ ਡਾਇਰੈਕਟਰ ਸੋਰਭ ਕੁਮਾਰ ਅਰੋੜਾ ਨੇ ਰਵਾਨਾ ਕੀਤਾ।

ਇਸ ਮੌਕੇ ਲਗਭਗ 500 ਭਾਗੀਦਾਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ, ਇਨ੍ਹਾਂ ਵਿੱਚ ਖਿਡਾਰੀ, ਕੋਚ, ਅਧਿਕਾਰੀ ਅਤੇ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚੇ ਸ਼ਾਮਲ ਸਨ । ਦੌੜ ਸਵੇਰੇ ਸਵਾ 6 ਵਜੇ ਰਾਸ਼ਟਰੀ ਗੀਤ "ਵੰਦੇ ਮਾਤਰਮ" ਦੇ ਸਮੂਹਿਕ ਗਾਇਨ ਨਾਲ ਸ਼ੁਰੂ ਹੋਈ, ਜਿਸ ਤੋਂ ਬਾਅਦ ਹਰ ਘਰ ਤਿਰੰਗਾ ਸਹੁੰ ਚੁੱਕੀ ਗਈ । ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਦੀ ਭਾਗੀਦਾਰੀ ਨੇ ਹਰ ਘਰ ਤਿਰੰਗਾ ਮੁਹਿੰਮ ਨਾਲ ਜੁੜੀ ਏਕਤਾ ਅਤੇ ਦੇਸ਼ ਭਾਵਨਾ ਨੂੰ ਉਜਾਗਰ ਕੀਤਾ। ਖੇਡ ਵਿਭਾਗ ਨੇ ਇਸ ਸਮਾਗਮ ਦੇ ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਸਾਰੇ ਭਾਗੀਦਾਰਾਂ, ਅਧਿਕਾਰੀਆਂ, ਕੋਚਾਂ, ਸਟਾਫ਼ ਅਤੇ ਸਹਾਇਕ ਕਰਮਚਾਰੀਆਂ ਦੀ ਉਤਸ਼ਾਹੀ ਭਾਗੀਦਾਰੀ ਅਤੇ ਸਹਿਯੋਗ ਦੀ ਸ਼ਲਾਘਾ ਕੀਤੀ।

---------------------------------------------------------------

ਕੌਮੀ ਜਾਂਚ ਏਜੰਸੀ- NIA ਨੇ ਬੀਤੇ ਦਿਨੀ 500 ਕਿਲੋ ਹੈਰੋਇਨ ਤਸਕਰੀ ਮਾਮਲੇ ਵਿੱਚ ਮੁਲਜ਼ਮ ਅਨਵਰ ਮਸੀਹ ਦੀਆਂ ਅੰਮ੍ਰਿਤਸਰ ਸਥਿਤ ਦੋ ਅਚੱਲ ਜਾਇਦਾਦਾਂ ਅਟੈਚ ਕਰ ਲਈਆਂ ਨੇ । ਇਹ ਮਾਮਲਾ ਇੱਕ ਅੰਤਰਰਾਸ਼ਟਰੀ ਨਾਰਕੋ-ਟੈਰਰ ਸਾਜ਼ਿਸ਼ ਨਾਲ ਜੁੜਿਆ ਹੋਇਆ ਏ । ਸਾਡੇ ਪਤਰਕਾਰ ਨੇ ਦਸਿਆ ਕਿ ਅਟੈਚ ਕੀਤੀਆਂ ਜਾਇਦਾਦਾਂ ਅੰਮ੍ਰਿਤਸਰ ਦੇ ਸੁਲਤਾਨਵਿੰਡ ਇਲਾਕੇ ਵਿੱਚ ਮੌਜੂਦ ਨੇ । ਇਹ ਦੋਵੇਂ ਜਾਇਦਾਦਾਂ ਅਨਵਰ ਮਸੀਹ ਦੇ ਨਾਮ ’ਤੇ ਰਜਿਸਟਰਡ ਨੇ । ਇਹ ਕਾਰਵਾਈ ਗੈਰਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ ਤਹਿਤ ਕੀਤੀ

ਗਈ ਏ । NIA ਮੁਤਾਬਕ ਜਾਂਚ ਵਿੱਚ ਸਾਹਮਣੇ ਆਇਆ ਏ ਕਿ ਅਨਵਰ ਮਸੀਹ ਦਾ ਸਬੰਧ ਇਟਲੀ, ਆਸਟ੍ਰੇਲੀਆ, ਸੰਯੁਕਤ ਅਰਬ ਅਮੀਰਾਤ , ਥਾਈਲੈਂਡ, ਈਰਾਨ ਅਤੇ ਪਾਕਿਸਤਾਨ ਤੱਕ ਫੈਲੇ ਇੱਕ ਅੰਤਰਰਾਸ਼ਟਰੀ ਨੈੱਟਵਰਕ ਨਾਲ ਸੀ। ਇਹ ਨੈੱਟਵਰਕ ਨਸ਼ਿਆਂ ਦੀ ਤਸਕਰੀ ਅਤੇ ਵੰਡ ਦੇ ਨਾਲ-ਨਾਲ ਇਸ ਤੋਂ ਪ੍ਰਾਪਤ ਪੈਸੇ ਨੂੰ ਲਸ਼ਕਰ-ਏ-ਤੋਇਬਾ ਨਾਲ ਜੁੜੀਆਂ ਦਹਿਸ਼ਤਗਰਦੀ ਗਤੀਵਿਧੀਆਂ ਲਈ ਵਰਤਣ ਦਾ ਕੰਮ ਕਰਦਾ ਸੀ। ਏਜੰਸੀ ਨੇ ਦੱਸਿਆ ਕਿ ਜਾਂਚ ਦੌਰਾਨ ਅਟੈਚ ਕੀਤੀਆਂ ਜਾਇਦਾਦਾਂ ਦਾ ਸਬੰਧ ਦਹਿਸ਼ਤਗਰਦੀ ਗਤੀਵਿਧੀਆਂ ਨਾਲ ਜੁੜੀ ਕਮਾਈ ਨਾਲ ਬਣੀਆਂ ਨੇ । ਇਸ ਮਾਮਲੇ ਦੀ ਜਾਂਚ ਹਾਲੇ ਜਾਰੀ ਏ । ਹੁਣ ਤੱਕ ਮਾਮਲੇ ਵਿੱਚ 26 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਏ ।

---------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ ਹਰਿਆਣਾ, ਚੰਡੀਗੜ੍ਹ, ਪੂਰਬੀ ਰਾਜਸਥਾਨ ਅਤੇ ਦਿੱਲੀ ਵਿੱਚ ਭਾਰੀ ਮੀਹਂ ਪੈਣ ਦੀ ਪੇਸ਼ੀਨਗੋਈ ਕੀਤੀ ਏ । ਓਧਰ ਪਟਿਆਲਾ ਅਤੇ ਚੰਡੀਗੜ੍ਹ 'ਚ ਕਈ ਥਾਵਾਂ 'ਤੇ ਭਾਰੀ ਮੀਂਹ ਪਿਆ ਜਦਕਿ ਪਠਾਨਕੋਟ ਸਮੇਤ ਹੋਰ ਕੁਝ ਥਾਵਾਂ ਤੇ ਰਾਤ ਤੋਂ ਰੁਕ-ਰੁਕ ਕੇ ਵਰਖਾ ਹੋ ਰਹੀ ਏ । ਮੌਸਮ ਵਿਭਾਗ ਨੇ ਹਿਮਾਚਲ ਪ੍ਰਦੇਸ਼, ਜੰਮੂ ਕਸ਼ਮੀਰ, ਲੱਦਾਖ ਤੇ ਉੱਤਰਾਖੰਡ ਵਿੱਚ ਬਾਰਿਸ਼ ਲਈ ਓਰੇਂਜ ਅਲਰਟ ਵੀ ਜਾਰੀ ਕੀਤਾ ਏ ।